# ਪੰਜਾਬ ਵਿਧਾਨ ਸਭਾ

## ਤੇਰ੍ਹਵਾਂ ਸਮਾਗਮ

## ਨਿਸ਼ਾਨ ਵਾਲੇ ਪ੍ਰਸ਼ਨ

## 03 ਅਗਸਤ 2026

----

**ਕੁੱਲ ਪ੍ਰਸ਼ਨ 20**

----

### ਸੰਗਰੂਰ ਦੇ ਪਿੰਡਾਂ ਲਈ ਬੱਸ ਸੇਵਾ ਸ਼ੁਰੂ ਕਰਨਾ

***1884 ਸ਼੍ਰੀਮਤੀ ਨਰਿੰਦਰ ਕੌਰ ਭਰਾਜ (ਸੰਗਰੂਰ):**

**ਵਿੱਤ, ਯੋਜਨਾ, ਪ੍ਰੋਗਰਾਮ ਲਾਗੂ ਕਰਨ, ਆਬਕਾਰੀ ,ਕਰ ਟਰਾਂਸਪੋਰਟ** ਕੀ ਟਰਾਂਸਪੋਰਟ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਸੰਗਰੂਰ ਦੇ ਪਿੰਡਾਂ ਸਮਾਣਾ ਤੋਂ ਨਾਭਾ ਵਾਇਆ ਭੜੋ, ਚੰਨੋਂ ਅਤੇ ਸਮਾਣਾ ਤੋਂ ਧੂਰੀ ਵਾਇਆ ਭਵਾਨੀਗੜ, ਕਾਕੜਾ, ਭਲਵਾਨ ਅਤੇ ਸੰਗਰੂਰ ਤੋਂ ਨਾਭਾ ਵਾਇਆ ਭਵਾਨੀਗੜ੍ਹ ਅਤੇ ਸੰਗਰੂਰ ਤੋਂ ਵੀ ਸਵੇਰੇ 4 ਵਜੇ ਚੰਡੀਗੜ੍ਹ ਲਈ ਕੋਈ ਬੱਸ ਰੂਟ ਨਹੀਂ ਹੈ; ਜੇਕਰ ਅਜਿਹਾ ਹੈ ਤਾਂ ਕੀ ਇਹਨਾਂ ਰੂਟਾਂ ਤੇ ਬੱਸ ਸੇਵਾ ਸ਼ੁਰੂ ਕਰਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

### ਦਸੂਹਾ/ਤਲਵਾੜਾ ਵਿਖੇ ਸੀ.ਡੀ.ਪੀ.ਓ. ਦਾ ਨਵਾਂ ਦਫਤਰ ਬਣਾਉਣਾ

***1875 ਸ. ਕਰਮਬੀਰ ਸਿੰਘ (ਦਸੂਹਾ):**

**ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀਆਂ, ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ** ਕੀ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ-ਵਿਕਾਸ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਬਲਾਕ ਦਸੂਹਾ ਅਤੇ ਬਲਾਕ ਤਲਵਾੜਾ ਦੇ ਬਾਲ ਵਿਕਾਸ ਪ੍ਰੋਜੈਕਟ ਅਫਸਰ ਦੇ ਦਫਤਰ ਕਿਰਾਏ ਦੀਆਂ ਬਿਲਡਿੰਗਾਂ ਵਿੱਚ ਹਨ; ਜੇਕਰ ਅਜਿਹਾ ਹੈ ਤਾਂ ਤਲਵਾੜਾ ਜਾਂ ਦਸੂਹਾ ਵਿਖੇ ਸੀ.ਡੀ.ਪੀ.ਓ. ਦੇ ਦਫਤਰ ਦੀਆਂ ਇਮਾਰਤਾਂ ਉਸਾਰਨ ਦੀ ਕੋਈ ਤਜ਼ਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

## ਰਾਜਪੁਰਾ ਸਿਵਲ ਹਸਪਤਾਲ ਦੀ ਇਮਾਰਤ ਦੀ ਮੁਰੰਮਤ ਕਰਨਾ

***1876 ਸ਼੍ਰੀਮਤੀ ਨੀਨਾ ਮਿੱਤਲ (ਰਾਜਪੁਰਾ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ :-**
ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ :

**ੳ)** ਕੀ ਇਹ ਠੀਕ ਹੈ ਕਿ ਰਾਜਪੁਰਾ ਸਿਵਲ ਹਸਪਤਾਲ ਦੀ ਨਵੀਂ ਐਮਰਜੰਸੀ ਦੀ ਇਮਾਰਤ, ਜੋ ਲਗਭਗ 12-15 ਸਾਲ ਪਹਿਲਾਂ ਬਣੀ ਸੀ, ਨੂੰ ਕੁਝ ਸਮੇਂ ਬਾਅਦ ਅਣ ਸੁਰੱਖਿਅਤ ਘੋਸ਼ਿਤ ਕਰ ਦਿੱਤਾ ਗਿਆ ਸੀ; ਜੇਕਰ ਅਜਿਹਾ ਹੈ ਤਾਂ ਕੀ ਉਸ ਬਿਲਡਿੰਗ ਨੂੰ ਮੁਰੰਮਤ ਕਰਕੇ ਵਰਤੋਂ ਵਿੱਚ ਲਿਆਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਅਜਿਹਾ ਹੈ ਤਾਂ ਕਦੋਂ ਤੱਕ;

**ਅ)** ਕੀ ਰਾਜਪੁਰਾ ਵਿਖੇ ਅੱਖਾਂ ਦੀਆਂ ਬਿਮਾਰੀਆਂ ਲਈ ਸਰਕਾਰੀ ਹਸਪਤਾਲ ਸ਼ੁਰੂ ਕਰਨ ਦੀ ਸਰਕਾਰ ਦੀ ਕੋਈ ਤਜਵੀਜ਼ ਹੈ, ਜਿਸ ਦੀ ਕਿ ਭਾਰੀ ਮੰਗ ਹੈ; ਜੇਕਰ ਹੈ ਤਾਂ ਵੇਰਵੇ ਸਹਿਤ ਦੱਸਿਆ ਜਾਵੇ?

----

## ਰਾਜ ਦੇ ਸਰਕਾਰੀ ਸਕੂਲਾਂ ਦੀਆਂ ਮਨਜ਼ੂਰਸ਼ੁਦਾ ਆਸਾਮੀਆਂ ਦੇ ਵੇਰਵੇ

***1862 ਸ. ਪ੍ਰਤਾਪ ਸਿੰਘ ਬਾਜਵਾ (ਕਾਦੀਆਂ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ :-**
ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ: -

**ੳ)** ਰਾਜ ਦੇ ਸਰਕਾਰੀ ਸਕੂਲਾਂ (ਪ੍ਰਾਇਮਰੀ/ਐਲੀਮੈਂਟਰੀ, ਮਿਡਲ, ਹਾਈ ਅਤੇ ਹਾਇਰ ਸੈਕੰਡਰੀ ਸਕੂਲਾਂ) ਵਿੱਚ ਕੈਟਾਗਰੀ ਵਾਈਜ਼ ਕਿੰਨੀਆਂ ਅਸਾਮੀਆਂ ਮਨਜ਼ੂਰਸ਼ੁਦਾ ਹਨ; ਇਨ੍ਹਾਂ ਵਿੱਚੋਂ ਕਿੰਨੀਆਂ ਅਸਾਮੀਆਂ ਭਰੀਆਂ ਹੋਈਆਂ ਹਨ ਅਤੇ ਕਿੰਨੀਆਂ ਖਾਲੀ ਹਨ ;

**ਅ)** ਉਪਰੋਕਤ ਅਸਾਮੀਆਂ ਕਿੰਨੇ ਸਮੇਂ ਤੋਂ ਖਾਲੀ ਪਈਆਂ ਹਨ ਅਤੇ ਖਾਲੀ ਪਈਆਂ ਮੰਨਜ਼ੂਰਸ਼ੁਦਾ ਆਸਾਮੀਆਂ ਨੂੰ ਕਦੋਂ ਤੱਕ ਭਰ ਲਿਆ ਜਾਵੇਗਾ; ਵੇਰਵੇ ਸਹਿਤ ਦੱਸਿਆ ਜਾਵੇ?

----

## ਜਿਲ੍ਹਾ ਲੁਧਿਆਣਾ ਵਿੱਚ ਨਹਿਰਾਂ ਤੇ ਜੋੜੇ ਪੁੱਲਾਂ ਦੀ ਮੁੜ ਉਸਾਰੀ ਕਰਨਾ

***1892 ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ (ਅਮਰਗੜ੍ਹ):**

**ਲੋਕ ਨਿਰਮਾਣ** ਕੀ ਲੋਕ ਨਿਰਮਾਣ (ਭ ਤੇ ਮ)ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਜਿਲ੍ਹਾ ਲੁਧਿਆਣਾ ਵਿੱਚ ਨਹਿਰਾਂ ਤੇ ਜੋੜੇ ਪੁੱਲ ਬਹੁਤ ਹੀ ਪੁਰਾਣੇ ਅਤੇ ਖਰਾਬ ਹਾਲਤ ਵਿੱਚ ਹਨ; ਜੇਕਰ ਅਜਿਹਾ ਹੈ ਤਾਂ ਕੀ ਇਨ੍ਹਾਂ ਜੌੜੇ ਪੁਲਾਂ ਦੀ ਮੁੜ ਉਸਾਰੀ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਵੇਰਵੇ ਸਹਿਤ ਦੱਸਿਆ ਜਾਵੇ ?

----

## ਹਲਕਾ ਘਨੌਰ ਦੇ ਹਰਿਆਣਾ ਬਾਰਡਰ ਨਾਲ ਲਗਦੀਆਂ ਲਿੰਕ ਸੜਕਾਂ ਨੂੰ ਰਿਪੇਅਰ ਕਰਵਾਉਣਾ

***1865 ਸ੍ਰੀ ਗੁਰਲਾਲ ਸਿੰਘ (ਘਨੌਰ):**

**ਖੇਤੀਬਾੜੀ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ** ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਵਿਧਾਨ ਸਭਾ ਹਲਕਾ ਘਨੌਰ ਵਿੱਚ ਹਰਿਆਣਾ ਬਾਰਡਰ ਨਾਲ ਲਗਦੇ ਪਿੰਡਾਂ ਦੀਆਂ ਲਿੰਕ ਸੜਕਾਂ ਨੂੰ ਕਦੋਂ ਤੱਕ ਰਿਪੇਅਰ ਕਰਵਾ ਦਿੱਤਾ ਜਾਵੇਗਾ; ਵੇਰਵੇ ਸਹਿਤ ਦੱਸਿਆ ਜਾਵੇ?

----

## ਹਾਈਡ੍ਰਿਲ ਨਹਿਰ ਦੇ ਕਿਨਾਰਿਆਂ ਦੀ ਮੁਰੰਮਤ ਦੇ ਵੇਰਵੇ

***1897 ਸ੍ਰੀ ਨਰੇਸ਼ ਪੁਰੀ (ਸੁਜਾਨਪੁਰ):**

**ਖਾਣਾਂ ਅਤੇ ਭੂ-ਵਿਗਿਆਨ, ਜਲ ਸਰੋਤ ,ਭੂਮੀ ਅਤੇ ਪਾਣੀ ਸੰਭਾਲ ਵਿਭਾਗ :-**
ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਸੁਜਾਨਪੁਰ ਵਿੱਚ ਹਾਈਡ੍ਰਿਲ ਨਹਿਰ ਦੇ ਕਿਨਾਰੇ ਜੋ ਬਰਸਾਤ ਵਿੱਚ ਟੁੱਟ ਗਏ ਸਨ, ਮੁਰੰਮਤ ਤੋਂ ਬਾਅਦ ਵੀ ਜਗ੍ਹਾ-ਜਗ੍ਹਾ ਤੋਂ ਮੁੜ ਟੁੱਟ ਰਹੇ ਹਨ; ਜੇਕਰ ਅਜਿਹਾ ਹੈ ਤਾਂ ਉਸ ਦੇ ਕੀ ਕਾਰਨ ਹਨ;

ਅ) ਕੀ ਨਹਿਰ ਦੀ ਮੁਰੰਮਤ ਦੇ ਕੰਮ ਵਿੱਚ ਕੋਈ ਘਪਲਾ ਹੋਇਆ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

## ਕਨਸੋਲੀਡੇਸ਼ਨ ਡਾਇਰੈਕਟਰ ਦਫ਼ਤਰ ਵਿੱਚ ਲੰਬਿਤ ਕੇਸਾਂ ਦੇ ਵੇਰਵੇ

***1919 ਸ੍ਰੀ ਜਗਦੀਪ ਕੰਬੋਜ਼ ਗੋਲਡੀ ( ਜਲਾਲਾਬਾਦ):**

**ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ,ਹਾਊਸਿੰਗ ਅਤੇ ਸ਼ਹਿਰੀ ਵਿਕਾਸ** ਕੀ ਮਾਲ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕਨਸੋਲੀਡੇਸ਼ਨ ਡਾਇਰੈਕਟਰ ਦੇ ਦਫ਼ਤਰ ਵਿੱਚ ਕਿੰਨੇ ਕੇਸ ਲੰਬਿਤ ਪਏ ਹਨ ਅਤੇ ਇਨ੍ਹਾਂ ਦੇ ਨਿਪਟਾਰੇ ਲਈ ਸਰਕਾਰ ਵੱਲੋਂ ਕੀ ਕਦਮ ਚੁੱਕੇ ਗਏ ਹਨ; ਵੇਰਵੇ ਸਹਿਤ ਦੱਸਿਆ ਜਾਵੇ?

----

## ਹਲਕਾ ਦਸੂਹਾ ਦੇ ਬਲਾਕ ਤਲਵਾੜਾ ਦੇ ਪਿੰਡ ਧਾਰ, ਬਨਕਰਨਪੁਰ ਵਿੱਚ ਹਵਾ ਮਹਿਲ ਬਣਾਉਣ ਦੇ ਵੇਰਵੇ

***1870 ਸ. ਕਰਮਬੀਰ ਸਿੰਘ (ਦਸੂਹਾ):**

**ਜੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਬਿਜਲੀ ਵਿਭਾਗ** ਕੀ ਜੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਦਸੂਹਾ ਦੇ ਬਲਾਕ ਤਲਵਾੜਾ ਦੇ ਪਿੰਡ ਧਾਰ, ਬਨਕਰਨਪੁਰ ਵਿੱਚ ਜੰਗਲਾਤ ਵਿਭਾਗ ਦੀ ਜਮੀਨ ਵਿੱਚ ਸਰਕਾਰ ਵਲੋਂ ਹਵਾ ਮਹਿਲ ਬਣਾਉਣ ਦੀ ਤਜਵੀਜ਼ ਸੀ, ਜਿਸ ਵਾਸਤੇ ਫੰਡ ਵੀ ਮੰਨਜ਼ੂਰ ਕੀਤੇ ਗਏ ਸੀ; ਪਰ ਤਕਨੀਕੀ ਕਾਰਨਾਂ ਕਰਕੇ ਕੰਮ ਸ਼ੁਰੂ ਨਹੀਂ ਕੀਤਾ ਗਿਆ; ਜੇਕਰ ਅਜਿਹਾ ਹੋਵੇ ਤਾਂ ਕੀ ਸਰਕਾਰ ਵਲੋਂ ਇਸ ਨੂੰ ਦੁਬਾਰਾ ਸ਼ੁਰੂ ਕਰਨ ਦੀ ਕੋਈ ਤਜਵੀਜ ਹੈ; ਜੇਕਰ ਹੈ ਤਾਂ ਕਦੋਂ ਤੱਕ ?

----

**ਬੇਸਹਾਰਾ ਅਤੇ ਮਾਨਸਿਕ ਤੌਰ ਤੇ ਅਸਮਰੱਥ ਵਿਅਕਤੀਆਂ ਦੀ ਸੁਰੱਖਿਆ ਦਾ ਪ੍ਰਬੰਧ ਕਰਨਾ**

*1911 **ਸ਼੍ਰੀ ਬਲਕਾਰ ਸਿੰਘ ਸਿੱਧੂ (ਰਾਮਪੁਰਾ ਫੂਲ):**

**ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀਆਂ, ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ :-**

ਕੀ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ)** ਕੀ ਇਹ ਠੀਕ ਹੈ ਕਿ ਪੰਜਾਬ ਦੇ ਸਰਹੱਦੀ (ਬਾਰਡਰ) ਇਲਾਕਿਆਂ ਸਮੇਤ ਹੋਰ ਖੇਤਰਾਂ ਵਿੱਚ ਮੰਦਬੁੱਧੀ, ਮਾਨਸਿਕ ਤੌਰ ਤੇ ਅਸਮਰੱਥ ਜਾਂ ਬੇਸਹਾਰਾ ਵਿਅਕਤੀਆਂ ਨੂੰ ਗੈਰ-ਕਾਨੂੰਨੀ ਢੰਗ ਨਾਲ ਬੰਦੀ ਬਣਾ ਕੇ ਬੰਧੂਆ ਮਜ਼ਦੂਰ ਵਜੋਂ ਕੰਮ ਕਰਵਾਉਣ ਦੀਆਂ ਘਟਨਾਵਾਂ ਸਾਹਮਣੇ ਆ ਰਹੀਆਂ ਹਨ; ਜੇਕਰ ਹਾਂ ਤਾਂ ਪਿਛਲੇ ਤਿੰਨ ਸਾਲਾਂ ਦੌਰਾਨ ਅਜਿਹੇ ਕਿੰਨੇ ਮਾਮਲੇ ਸਰਕਾਰ ਦੇ ਧਿਆਨ ਵਿੱਚ ਆਏ ਹਨ;

**ਅ)** ਇਨ੍ਹਾਂ ਮਾਮਲਿਆਂ ਵਿੱਚ ਕਿੰਨੇ ਵਿਅਕਤੀਆਂ ਨੂੰ ਰਿਹਾਅ ਕਰਵਾਇਆ ਗਿਆ ਅਤੇ ਕਿੰਨੇ ਦੋਸ਼ੀਆਂ ਵਿਰੁੱਧ ਐਫ਼.ਆਈ.ਆਰ. ਦਰਜ ਕਰਕੇ ਕਾਨੂੰਨੀ ਕਾਰਵਾਈ ਕੀਤੀ ਗਈ;

**ੲ)** ਅਜਿਹੇ ਬੇਸਹਾਰਾ ਅਤੇ ਮਾਨਸਿਕ ਤੌਰ 'ਤੇ ਅਸਮਰੱਥ ਵਿਅਕਤੀਆਂ ਦੀ ਸੁਰੱਖਿਆ, ਪੁਨਰਵਾਸ ਅਤੇ ਭਵਿੱਖ ਵਿੱਚ ਇਸ ਤਰ੍ਹਾਂ ਦੀਆਂ ਘਟਨਾਵਾਂ ਨੂੰ ਰੋਕਣ ਲਈ ਸਰਕਾਰ ਵੱਲੋਂ ਕਿਹੜੇ ਠੋਸ ਕਦਮ ਚੁੱਕੇ ਜਾ ਰਹੇ ਹਨ?

----

**ਹਲਕਾ ਜਗਰਾਓਂ ਦੇ ਸਰਕਾਰੀ ਹਸਪਤਾਲਾਂ ਅਤੇ ਸਿਹਤ ਕੇਂਦਰਾਂ ਦੀਆਂ ਅਸਾਮੀਆਂ ਦੇ ਵੇਰਵੇ**

*1901 **ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ (ਜਗਰਾਉਂ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ** ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਜਗਰਾਓਂ ਦੇ ਸਰਕਾਰੀ ਹਸਪਤਾਲਾਂ ਅਤੇ ਸਿਹਤ ਕੇਂਦਰਾਂ ਵਿੱਚ ਡਾਕਟਰਾਂ, ਨਰਸਾਂ ਅਤੇ ਹੋਰ ਸਟਾਫ਼ ਦੀਆਂ ਕਿੰਨੀਆਂ ਅਸਾਮੀਆਂ ਖਾਲ੍ਹੀ ਹਨ ਅਤੇ ਇਹ ਕਦੋਂ ਤੱਕ ਭਰੀਆਂ ਜਾਣਗੀਆਂ; ਵੇਰਵੇ ਸਹਿਤ ਦੱਸਿਆ ਜਾਵੇ ?

----

**ਹਲਕਾ ਆਦਮਪੁਰ ਦੀਆਂ ਨਗਰ ਕੌਂਸਲਾਂ ਨੂੰ ਜਾਰੀ ਕੀਤੀਆਂ ਗ੍ਰਾਂਟਾਂ ਦੇ ਵੇਰਵੇ**

*1904 **ਸ. ਸੁਖਵਿੰਦਰ ਸਿੰਘ ਕੋਟਲੀ ( ਆਦਮਪੁਰ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ** ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਆਦਮਪੁਰ ਹਲਕੇ ਅੰਦਰ ਪੈਂਦੀ ਨਗਰ ਕੌਂਸਲ ਭੋਗਪੁਰ, ਨਗਰ ਕੌਂਸਲ ਆਲਾਵਲਪੁਰ ਅਤੇ ਨਗਰ ਕੌਂਸਲ ਆਦਮਪੁਰ ਵਿਖੇ ਮਾਰਚ, 2022 ਤੋ 30 ਜੂਨ, 2026 ਤੱਕ ਕੰਮਾਂ ਲਈ ਸਰਕਾਰ ਵੱਲੋਂ ਕਿੰਨ੍ਹੀ ਗ੍ਰਾਂਟ ਪ੍ਰਾਪਤ ਹੋਈ ਹੈ, ਕਿੱਥੇ-ਕਿੱਥੇ ਖਰਚ ਕੀਤੀ ਗਈ ਹੈ ਅਤੇ ਕਿਨ੍ਹੀ ਬਕਾਇਆ ਪਈ ਹੈ; ਲੜੀ ਅਨੁਸਾਰ ਵੇਰਵੇ ਸਹਿਤ ਦੱਸਿਆ ਜਾਵੇ ?

----

**ਹਲਕਾ ਅੰਮ੍ਰਿਤਸਰ ਪੱਛਮੀ ਵਿਖੇ ਬਾਈਪਾਸ ਬਣਾ ਕੇ ਸੜਕ ਨੂੰ ਸੰਨ ਸਾਹਿਬ ਸੜਕ ਨਾਲ ਜੋੜਨਾ**

***1889 ਡਾ. ਜਸਬੀਰ ਸਿੰਘ ਸੰਧੂ (ਅੰਮ੍ਰਿਤਸਰ ਪੱਛਮੀ):**

**ਲੋਕ ਨਿਰਮਾਣ :-**

ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ**) ਕੀ ਇਹ ਠੀਕ ਹੈ ਕਿ ਹਲਕਾ ਅੰਮ੍ਰਿਤਸਰ ਪੱਛਮੀ ਵਿੱਚ ਛੇਹਰਟਾ ਰੇਲਵੇ ਲਾਈਨ ਲੰਘਦੀ ਹੈ ,ਜਿਸ ਉੱਤੇ ਮੇਨ ਬਜਾਰ ਵਿੱਚ ਫਾਟਕ ਹੈ ਅਤੇ ਰੇਲਵੇ ਵਾਸ਼ਿੰਗ ਸੈਂਟਰ ਨੇੜੇ ਹੋਣ ਕਾਰਨ ਰੇਲ ਗੱਡੀਆਂ ਦੀ ਆਵਾਜਾਈ ਜਿਆਦਾ ਰਹਿਣ ਕਾਰਨ ਫਾਟਕ ਅਕਸਰ ਬੰਦ ਹੀ ਰਹਿੰਦਾ ਹੈ;

**ਅ**) ਜੇਕਰ ਉਪਰੋਕਤ ਭਾਗ (ੳ) ਦਾ ਉੱਤਰ ਹਾਂ ਵਿੱਚ ਹੈ ਤਾਂ ਕੀ ਸਥਾਨਕ ਲੋਕਾਂ ਦੀ ਪ੍ਰੇਸ਼ਾਨੀ ਨੂੰ ਵੇਖਦੇ ਹੋਏ ਬਾਈਪਾਸ ਬਣਾ ਕੇ ਇਸ ਸੜਕ ਨੂੰ ਸੰਨ ਸਾਹਿਬ ਸੜਕ ਨਾਲ ਜੋੜਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਅਜਿਹਾ ਹੈ ਤਾਂ ਕਦੋਂ ਤੱਕ?

----

**ਨਹਿਰਾਂ ਆਦਿ ਤੇ ਪਸ਼ੂ ਚਾਰਣ ਤੇ ਪਾਬੰਦੀ ਲਗਾਉਣਾ**

***1890 ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ (ਅਮਰਗੜ੍ਹ):**

**ਖਾਣਾਂ ਅਤੇ ਭੂ-ਵਿਗਿਆਨ, ਜਲ ਸਰੋਤ ,ਭੂਮੀ ਅਤੇ ਪਾਣੀ ਸੰਭਾਲ ਵਿਭਾਗ** ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਰਾਜ ਅੰਦਰ ਨਹਿਰਾਂ, ਰਜਵਾਹਿਆਂ ਅਤੇ ਡਰੇਨਾਂ ਦੇ ਕਿਨਾਰਿਆਂ ਤੇ ਪਸ਼ੂ ਚਾਰਣ ਦੀ ਆਗਿਆ ਹੈ; ਜੇਕਰ ਅਜਿਹਾ ਹੈ ਤਾਂ ਕੀ ਅਜਿਹੀਆਂ ਥਾਵਾਂ ਤੇ ਪਸ਼ੂ ਚਾਰਣ ਤੇ ਪਾਬੰਦੀ ਲਗਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ?

----

**ਐਸ.ਏ.ਐਸ.ਨਗਰ, ਸੈਕਟਰ 70 ਵਿਖੇ ਮਾਤਾ ਸੁੰਦਰੀ ਜੀ ਗੁਰਦੁਆਰਾ ਸਾਹਿਬ ਦੇ ਅੱਗੇ ਸੜਕ ਨੂੰ ਸਿੱਧਾ ਕਰਨਾ**

***1864 ਸ. ਕੁਲਵੰਤ ਸਿੰਘ (ਐਸ.ਏ.ਐਸ. ਨਗਰ):**

**ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ,ਹਾਊਸਿੰਗ ਅਤੇ ਸ਼ਹਿਰੀ ਵਿਕਾਸ** ਕੀ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਐਸ.ਏ.ਐਸ. ਨਗਰ ਦੀ ਪੀ.ਆਰ.7 (ਏਅਰਪੋਰਟ ਰੋਡ) ਦਾ S Shape ਵਾਲਾ ਜੋ ਹਿੱਸਾ ਸੈਕਟਰ 70 ਵਿਖੇ ਗੁਰਦੁਆਰਾ ਸਾਹਿਬ ਮਾਤਾ ਸੁੰਦਰੀ ਜੀ ਦੇ ਅੱਗੇ ਪੈਂਦਾ ਹੈ, ਉਹ ਕਿੱਲਰ ਸਪਾਟ/ਐਕਸੀਡੈਂਟ ਪਰੋਨ ਏਰੀਆ ਬਣ ਚੁੱਕਾ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਹਿੱਸੇ ਨੂੰ ਸਿੱਧਾ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ ਇਸ ਤਜਵੀਜ਼ ਤੇ ਅਮਲ ਹੋਵੇਗਾ?

----

## ਕਮਿਊਨਿਟੀ ਹੈਲਥ ਸੈਂਟਰ ਦੋਰਾਹਾ ਵਿਖੇ ਡਾਕਟਰਾਂ ਦੀਆਂ ਮਨਜ਼ੂਰਸ਼ੁਦਾ ਅਸਾਮੀਆਂ ਦੇ ਵੇਰਵੇ

***1925 ਸ. ਮਨਵਿੰਦਰ ਸਿੰਘ ਗਿਆਸਪੁਰਾ (ਪਾਇਲ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ :-**

ਕੀ ਸਿਹਤ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕਮਿਊਨਿਟੀ ਹੈਲਥ ਸੈਂਟਰ (C.H.C.) ਦੋਰਾਹਾ ਵਿਖੇ ਡਾਕਟਰਾਂ ਦੀਆਂ ਮਨਜ਼ੂਰਸ਼ੁਦਾ ਕੁੱਲ ਕਿੰਨੀਆਂ ਅਸਾਮੀਆਂ ਹਨ; ਉਨ੍ਹਾਂ ਵਿੱਚੋਂ ਇਸ ਸਮੇਂ ਕਿੰਨੀਆਂ ਅਸਾਮੀਆਂ ਭਰੀਆਂ ਹੋਈਆਂ ਹਨ ਅਤੇ ਕਿੰਨੀਆਂ ਖਾਲੀ ਪਈਆਂ ਹਨ;

ਅ) C.H.C. ਦੋਰਾਹਾ ਵਿਖੇ ਖਾਲੀ ਪਈਆਂ ਡਾਕਟਰਾਂ ਦੀਆਂ ਪੋਸਟਾਂ ਨੂੰ ਭਰਨ ਲਈ ਸਰਕਾਰ ਵੱਲੋਂ ਹੁਣ ਤੱਕ ਕੀ ਕਾਰਵਾਈ ਕੀਤੀ ਗਈ ਹੈ; ਵੇਰਵੇ ਸਹਿਤ ਦੱਸਿਆ ਜਾਵੇ;

ੲ) ਕੀ C.H.C. ਦੋਰਾਹਾ ਵਿਖੇ ਰਾਤ ਸਮੇਂ (Night Shift) ਅਤੇ ਐਮਰਜੈਂਸੀ ਸਿਹਤ ਸੇਵਾਵਾਂ 24 ਘੰਟੇ ਉਪਲਬਧ ਰਹਿੰਦੀਆਂ ਹਨ; ਜੇਕਰ ਹਾਂ ਤਾਂ ਰਾਤ ਦੀ ਡਿਊਟੀ ਦੌਰਾਨ ਰੋਜਾਨਾ ਕਿੰਨੇ ਡਾਕਟਰ ਤਾਇਨਾਤ ਰਹਿੰਦੇ ਹਨ ; ਵੇਰਵੇ ਸਹਿਤ ਦੱਸਿਆ ਜਾਵੇ?

----

## ਘਨੌਰ ਸਬ ਤਹਿਸੀਲ ਨੂੰ ਸਬ ਡਵੀਜ਼ਨ ਬਣਾਉਣਾ

***1867 ਸ਼੍ਰੀ ਗੁਰਲਾਲ ਸਿੰਘ (ਘਨੌਰ):**

**ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ,ਹਾਊਸਿੰਗ ਅਤੇ ਸ਼ਹਿਰੀ ਵਿਕਾਸ :-**

ਕੀ ਮਾਲ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਘਨੌਰ ਸਬ ਤਹਿਸੀਲ ਨੂੰ ਸਬ ਡਵੀਜ਼ਨ ਬਣਾਉਣ ਅਤੇ ਪਟਵਾਰ ਖਾਨੇ ਦੀ ਨਵੀਂ ਬਿਲਡਿੰਗ ਉਸਾਰਨ ਸਬੰਧੀ ਸਰਕਾਰ ਦੀ ਕੋਈ ਤਜਵੀਜ਼ ਹੈ; ਜੇਕਰ ਹਾਂ ਤਾਂ ਕਦੋਂ ਤੱਕ ਇਸ ਤੇ ਅਮਲ ਹੋ ਜਾਵੇਗਾ?

----

## ਜਗਰਾਓਂ ਹਲਕੇ ਦੇ ਪਿੰਡਾਂ ਵਿੱਚ ਲਿੰਕ ਸੜਕਾਂ ਦੀ ਉਸਾਰੀ ਦੇ ਵੇਰਵੇ

***1899 ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ (ਜਗਰਾਉਂ):**

**ਖੇਤੀਬਾੜੀ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ** ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦਸੱਣਗੇ ਕਿ ਜਗਰਾਓਂ ਹਲਕੇ ਦੇ ਪਿੰਡਾਂ ਵਿੱਚ ਪਿਛਲੇ ਤਿੰਨ ਸਾਲਾਂ ਦੌਰਾਨ ਲਿੰਕ ਸੜਕਾਂ ਦੀ ਉਸਾਰੀ ਜਾਂ ਮੁਰੰਮਤ ਲਈ ਕਿੰਨੀ ਰਕਮ ਮਨਜ਼ੂਰ ਕੀਤੀ ਗਈ, ਕਿੰਨੀ ਖਰਚ ਹੋਈ ਅਤੇ ਕਿਹੜੇ ਕੰਮ ਅਜੇ ਬਕਾਇਆ ਹਨ; ਵੇਰਵੇ ਸਹਿਤ ਦੱਸਿਆ ਜਾਵੇ?

----

## ਭਵਾਨੀਗੜ੍ਹ ਦੇ ਸਰਕਾਰੀ ਹਸਪਤਾਲ ਲਈ ਮੰਨਜੂਰ ਕੀਤੇ ਫੰਡ ਜਾਰੀ ਕਰਨਾ

***1880 ਸ਼੍ਰੀਮਤੀ ਨਰਿੰਦਰ ਕੌਰ ਭਰਾਜ (ਸੰਗਰੂਰ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ** ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਸੰਗਰੂਰ ਦੇ ਸ਼ਹਿਰ ਭਵਾਨੀਗੜ੍ਹ ਦੇ ਸਰਕਾਰੀ ਹਸਪਤਾਲ ਵਿੱਚ ਸਰਕਾਰ ਵੱਲੋਂ 30 ਬੈੱਡਾਂ ਦੀ ਐਕਸਟੈਂਸ਼ਨ ਐਨ.ਐਚ.ਐਮ.ਪੀ.ਆਈ.ਪੀ ਪ੍ਰੋਗਰਾਮ ਅਧੀਨ ਵਿੱਤੀ ਵਰ੍ਹੇ 2024-25 ਅਤੇ 2025-26 ਵਿੱਚ ਮੰਨਜੂਰ ਕੀਤੀ ਗਈ ਸੀ ਪਰ ਇਸ ਲਈ ਫੰਡ ਜਾਰੀ ਨਹੀਂ ਕੀਤੇ ਗਏ; ਜੇਕਰ ਅਜਿਹਾ ਹੈ ਤਾਂ ਫੰਡ ਕਦੋਂ ਤੱਕ ਜਾਰੀ ਹੋਣਗੇ?

----

## ਅਣ-ਅਧਿਕਾਰਤ ਗੈਰ ਕਾਨੂੰਨੀ ਕਲੋਨੀਆਂ ਕੱਟਣ ਵਾਲਿਆਂ ਵਿਰੁਧ ਕਾਰਵਾਈ ਕਰਨਾ

***1906 ਸ਼੍ਰੀ ਨਰੇਸ਼ ਪੁਰੀ (ਸੁਜਾਨਪੁਰ):**

**ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ,ਹਾਊਸਿੰਗ ਅਤੇ ਸ਼ਹਿਰੀ ਵਿਕਾਸ** ਕੀ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਸਹੀ ਹੈ ਕਿ The Punjab Land Preservation Act, 1900 ਦੀ ਦਫਾ 4 (section 4) ਦੀ ਉਲੰਘਣਾ ਕਰਕੇ ਜ਼ਿਲਾ ਪਠਾਨਕੋਟ ਵਿੱਚ ਅਣ-ਅਧਿਕਾਰਤ/ਗੈਰ- ਕਾਨੂੰਨੀ ਕਲੋਨੀਆਂ ਕੱਟੀਆਂ ਜਾ ਰਹੀਆਂ ਹਨ; ਜੇਕਰ ਉੱਤਰ ਹਾਂ ਵਿੱਚ ਹੋਵੇ ਤਾਂ ਕੀ ਉਨ੍ਹਾਂ ਵਿਰੁੱਧ ਸਰਕਾਰ ਵੱਲੋਂ ਕੋਈ ਸਖਤ ਕਾਨੂੰਨੀ ਕਦਮ ਜਾਂ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

**ਚੰਡੀਗੜ੍ਹ - 160001.** **ਰਾਮ ਲੋਕ ਖਟਾਣਾ,**

**01 ਅਗਸਤ 2026.** **ਸਕੱਤਰ**